# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 03-07-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਾਂਗਰਸ ਨੂੰ ਸੰਵਿਧਾਨ ਦਾ ਸਭ ਤੋਂ ਵੱਡਾ ਵਿਰੋਧੀ ਕਰਾਰ ਦੇਂਦਿਆਂ, ਕਿਹਾ ਕਿ ਕਾਂਗਰਸ ਦੀ ਮਾਨਸਿਕਤਾ ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ ਅਤੇ ਹੋਰ ਪੱਛੜੀਆਂ ਸ਼੍ਰੇਣੀਆਂ ਦਾ ਵਿਰੋਧ ਕਰਨਾ ਏ।
- ਕਾਨੂੰਨ ਤੇ ਵਿਵਸਥਾ ਬਾਰੇ ਪੰਜਾਬ ਦੇ DGP ਅਰਪਿਤ ਸ਼ੁਕਲਾ ਨੇ, ਪਠਾਨਕੋਟ ਵਿਖੇ ਵੱਖੋ ਵੱਖ ਸੁਰਖਿਆ ਏਜੰਸੀਆਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ।
- ਐਸਪੀ-ਰੇਸ਼ਨਲ ਜ਼ਿਲ੍ਹਾ ਤੇ ਬਲਾਕ ਪ੍ਰੋਗਰਾਮ ਤਹਿਤ ਮਹੱਤਵਪੂਰਨ 6 ਪਹਿਲੂਆਂ ਦਾ 'ਸੰਪੂਰਨਤਾ ਅਭਿਆਨ' ਭਲਕੇ 4 ਜੁਲਾਈ ਤੋਂ ਚਲਾਇਆ ਜਾ ਰਿਹਾ ਏ।

- ਕੌਮਾਂਤਰੀ ਪਲਾਸਟਿਕ ਬੈਗ ਮੁਕਤ ਦਿਵਸ ਮੌਕੇ, ਬਠਿੰਡਾ ਦੇ ਰਾਮਪੁਰਾ ਫੂਲ ਵਿਖੇ, ਗੈਰ ਸਰਕਾਰੀ ਜਥੇਬੰਦੀ ਨੇ ਪਲਾਸਟਿਕ ਕਚਰੇ ਬਦਲੇ ਲੋਕਾਂ ਨੂੰ, ਮੁਫਤ ਵਿੱਚ ਬਰਾਬਰ ਦਾ ਗੁੜ ਵੰਡਿਆ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਕਾਂਗਰਸ ਨੂੰ ਸੰਵਿਧਾਨ ਦਾ ਸਭ ਤੋਂ ਵੱਡਾ ਵਿਰੋਧੀ ਕਰਾਰ ਦਿੰਦੇ ਹੋਏ, ਉਸ ਤੇ ਨਿਸ਼ਾਨਾ ਸਾਧਿਆ। ਸੰਸਦ ਦੀ ਸਾਂਝੀ ਬੈਠਕ ਨੂੰ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੇ ਸੰਬੋਧਨ 'ਤੇ, ਰਾਜ ਸਭਾ ਵਿੱਚ ਧੰਨਵਾਦ ਦੇ ਮਤੇ ਦਾ ਜਵਾਬ ਦਿੰਦਿਆਂ, ਉਨਾਂ ਦੋਸ਼ ਲਾਇਆ ਕਿ ਕਾਂਗਰਸ ਦੀ ਮਾਨਸਿਕਤਾ ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ ਅਤੇ ਹੋਰ ਪੱਛੜੀਆਂ ਸ਼੍ਰੇਣੀਆਂ ਦਾ ਵਿਰੋਧ ਕਰਨਾ ਏ। ਉਨ੍ਹਾਂ ਮੁੱਖ ਵਿਰੋਧੀ ਪਾਰਟੀ 'ਤੇ, ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਦਾ ਅਪਮਾਨ ਕਰਨ ਦਾ ਵੀ ਦੋਸ਼ ਲਗਾਇਆ ਅਤੇ ਕਿਹਾ, ਕਿ ਕਾਂਗਰਸ ਨੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦਾ ਵੀ ਅਪਮਾਨ ਕਰਨ ਵਿਚ ਕੋਈ ਕਸਰ ਬਾਕੀ ਨਹੀਂ ਛੱਡੀ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਸੰਵਿਧਾਨ ਸਿਰਫ਼ ਧਾਰਾਵਾਂ ਦਾ ਸੰਗ੍ਰਹਿ ਨਹੀਂ ਏ, ਸਗੋਂ ਇਸ ਦੀ ਭਾਵਨਾ ਅਤੇ

ਸ਼ਬਦ, ਸਰਕਾਰ ਲਈ ਕੀਮਤੀ ਨੇ । ਉਨ੍ਹਾਂ ਕਿਹਾ ਕਿ ਸੰਵਿਧਾਨ ਸਰਕਾਰ ਨੂੰ ਦਿਸ਼ਾ ਦੇਣ ਲਈ ਚਾਨਣ ਮੁਨਾਰਾ ਏ । ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਯੋਜਨਾ ਤਹਿਤ, ਪਿਛਲੇ ਛੇ ਸਾਲਾਂ ਵਿੱਚ 10 ਕਰੋੜ ਤੋਂ ਵੱਧ ਕਿਸਾਨਾਂ ਨੂੰ ਲਾਭ ਪਹੁੰਚਾਇਆ ਗਿਆ ਏ ਅਤੇ ਕਿਸਾਨਾਂ ਨੂੰ ਤਿੰਨ ਲੱਖ ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਵੰਡੀ ਗਈ ਏ । ਉਨਾਂ ਇਹ ਵੀ ਕਿਹਾ ਕਿ ਕੋਵਿਡ ਮਹਾਂਮਾਰੀ ਵਲੋਂ ਪੈਦਾ ਹੋਈਆਂ ਚੁਣੌਤੀਆਂ ਦੇ ਬਾਵਜੂਦ, ਦੇਸ਼ ਦੀ ਆਰਥਿਕਤਾ ਦਸਵੇਂ ਸਥਾਨ ਤੋਂ ਪੰਜਵੇਂ ਸਥਾਨ 'ਤੇ ਪਹੁੰਚ ਗਈ ਏ ।

-----------------------------------------------------

ਕਾਨੂੰਨ ਤੇ ਵਿਵਸਥਾ ਬਾਰੇ ਪੰਜਾਬ ਦੇ DGP ਅਰਪਿਤ ਸ਼ੁਕਲਾ ਨੇ ਪਠਾਨਕੋਟ ਵਿਖੇ ਅੱਜ ਵੱਖੋ ਵੱਖ ਸੁਰਖਿਆ ਏਜੰਸੀਆਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਅਤੇ ਅਮਰਨਾਥ ਯਾਤਰਾ ਨੂੰ ਲੈ ਕੇ ਸੁਰੱਖਿਆ ਤਿਆਰੀਆਂ ਦਾ ਜਾਇਜਾ ਲੈਣ ਤੋਂ ਅਲਾਵਾ, ਉਨਾਂ ਜੰਮੂ ਕਸ਼ਮੀਰ ਬੋਰਡਰ ਤੇ ਮਾਧੋਪੁਰ ਨਾਕੇ ਦਾ ਵੀ ਨਰੀਖਣ ਕੀਤਾ। ਅਰਪਿਤ ਸ਼ੁਕਲਾ ਨੇ ਦੱਸਿਆ ਕਿ ਸੁਰੱਖਿਆ ਦੇ ਹਰ ਪਹਿਲੂ ਤੇ ਬਰੀਕੀ ਨਾਲ ਗੱਲ ਕੀਤੀ

ਗਈ ਏ। ਉਨਾਂ ਕਿਹਾ ਕਿ ਪਾਕਿਸਤਾਨ ਵੱਲੋਂ ਲਗਾਤਾਰ ਘੁਸਪੈਠ ਕਰਵਾਈ ਜਾ ਰਹੀ ਏ ਅਤੇ ਉਸ ਨੂੰ ਵੇਖਦੇ ਹੋਏ ਨਾਕਿਆਂ ਉੱਤੇ ਫੋਰਸ ਵਧਾਈ ਗਈ ਏ ਤਾਂ ਜੋ ਪਾਕਿਸਤਾਨ ਦੀਆਂ ਨਾਪਾਕ ਹਰਕਤਾਂ ਨੂੰ ਰੋਕਿਆ ਜਾ ਸਕੇ।

---------------------------------------------------------

ਨੀਤੀ ਆਯੋਗ ਦਾ 'ਐਸਪੀ-ਰੇਸ਼ਨਲ ਜ਼ਿਲ੍ਹਾ ਅਤੇ ਬਲਾਕ ਪ੍ਰੋਗਰਾਮ' ਭਾਰਤ ਸਰਕਾਰ ਦੀ ਇੱਕ ਪਹਿਲਕਦਮੀ ਏ, ਜਿਸ ਤਹਿਤ ਵੱਖ-ਵੱਖ ਮਾਪਦੰਡਾਂ ਵਿੱਚ ਪਛੜ ਰਹੇ ਜ਼ਿਲ੍ਹਿਆਂ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਅਤੇ ਆਰਥਿਕ ਵਿਕਾਸ ਕਰਨਾ ਏ । ਜ਼ਿਲ੍ਹਿਆਂ ਨੂੰ ਵੱਖ-ਵੱਖ ਖ਼ਾਸ ਖੇਤਰਾਂ ਵਿੱਚ ਅੱਗੇ ਲਿਜਾਣ ਲਈ, ਐਸਪੀਰੇਸ਼ਨਲ ਜ਼ਿਲ੍ਹਾ ਤੇ ਬਲਾਕ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਨੇ। ਫਿਰੋਜ਼ਪੁਰ ਅਤੇ ਮੋਗਾ ਜ਼ਿਲਿਆਂ ਤੋਂ ਅਲਾਵਾ ਗੁਰਦਾਸਪੁਰ, ਅੰਮ੍ਰਿਤਸਰ, ਜਲੰਧਰ, ਕਪੂਰਥਲਾ ਅਤੇ ਸੰਗਰੂਰ ਜ਼ਿਲਿਆਂ ਦੇ ਕੁਝ ਬਲਾਕ ਇਸ ਪ੍ਰੋਗਰਾਮ ਵਿਚ ਸ਼ਾਮਲ ਨੇ । ਹੁਣ ਐਸਪੀਰੇਸ਼ਨਲ ਜ਼ਿਲ੍ਹਾ ਤੇ ਬਲਾਕ ਪ੍ਰੋਗਰਾਮ ਤਹਿਤ ਮਹੱਤਵਪੂਰਨ 6 ਪਹਿਲੂਆਂ ਦਾ ਸੰਪੂਰਨਤਾ ਅਭਿਆਨ

ਭਲਕੇ 4 ਜੁਲਾਈ ਤੋਂ ਚਲਾਇਆ ਜਾ ਰਿਹਾ ਏ। ਜਲੰਧਰ ਜ਼ਿਲੇ ਦੇ ਸ਼ਾਹਕੋਟ ਬਲਾਕ ਵਿਖੇ 5 ਜੁਲਾਈ ਨੂੰ ਸੰਪੂਰਨਤਾ ਅਭਿਆਨ ਦੀ ਸ਼ੁਰੂਆਤ ਕੀਤੀ ਜਾ ਰਹੀ ਏ। ਸੰਪੂਰਨਤਾ ਅਭਿਆਨ ਦੇ ਨੋਡਲ ਅਫ਼ਸਰ ਸੁਨੀਲ ਫੋਗਟ ਨੇ ਦੱਸਿਆ, ਕਿ ਇਹ ਅਭਿਆਨ 3 ਮਹੀਨੇ ਤੱਕ ਚਲਾਇਆ ਜਾਵੇਗਾ ਅਤੇ ਇਸ ਦੌਰਾਨ ਜਿਹੜੇ 6 ਪਹਿਲੂਆਂ ਦੇ ਟੀਚਿਆਂ ਨੂੰ 100 ਫ਼ੀਸਦੀ ਪੂਰਾ ਕਰਨ ਲਈ, ਇਸ ਮੁਹਿੰਮ ਤਹਿਤ ਜ਼ੋਰ ਦਿੱਤਾ ਜਾਵੇਗਾ, ਉਨ੍ਹਾਂ ਵਿੱਚ ਸਿਹਤ, ਪੋਸ਼ਣ, ਖੇਤੀਬਾੜੀ ਅਤੇ ਸਮਾਜਿਕ ਤਰੱਕੀ ਨਾਲ ਸਬੰਧਤ ਵੱਖ-ਵੱਖ ਅਹਿਮ ਕਾਰਜ ਸ਼ਾਮਲ ਨੇ। ਸ਼ਾਹਕੋਟ ਦੇ ਐਸ.ਡੀ.ਐਮ. ਰਿਸ਼ਭ ਬਾਂਸਲ ਵੱਲੋਂ ਇਸ ਅਭਿਆਨ ਨੂੰ ਬਲਾਕ ਵਿੱਚ ਨਿਰਵਿਘਨ ਅਤੇ ਸੁਚੱਜੇ ਢੰਗ ਨਾਲ ਚਲਾਉਣ ਲਈ, ਸਬੰਧਤ ਅਧਿਕਾਰੀਆਂ ਨੂੰ ਪਹਿਲਾਂ ਹੀ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕੀਆਂ ਨੇ ।

-----------------------------------------------------

ਭਾਰਤ ਸਰਕਾਰ ਦੇ ਪੱਤਰ ਸੂਚਨਾ ਦਫ਼ਤਰ ਜਲੰਧਰ ਵੱਲੋਂ ਸੰਕਲਪ ਵੈੱਲਫੇਅਰ ਸੁਸਾਇਟੀ ਅਤੇ ਹਰਿਆਵਲ ਪੰਜਾਬ ਦੇ ਸਹਿਯੋਗ

ਨਾਲ, ਦਫ਼ਤਰ ਦੇ ਆਲੇ-ਦੁਆਲੇ ਅੱਜ ਵੱਖ-ਵੱਖ ਕਿਸਮ ਦੇ ਬੂਟੇ ਲਗਾਏ ਗਏ । ਇਸ ਮੁਹਿੰਮ ਵਿਚ ਪੱਤਰ ਸੂਚਨਾ ਦਫ਼ਤਰ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਤੋਂ ਅਲਾਵਾ ਦੂਰਦਰਸ਼ਨ ਕੇਂਦਰ ਤੇ ਕੇਂਦਰੀ ਸੰਚਾਰ ਬਿਊਰੋ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਵੀ ਹਿੱਸਾ ਲਿਆ।

*ਹੋਰ ਵੇਰਵੇ ਨਾਲ ਇਹ ਰਿਪੋਰਟ - ਡਿਸਪੈਚ: ਚੌਗਿਰਦੇ ਨੂੰ ਬਚਾਉਣ ਲਈ ਪੰਜਾਬ ਵਿਚ ਕਈ ਸਮਾਜ ਸੇਵੀ ਜਥੇਬੰਦੀਆਂ ਅਹਿਮ ਭੂਮਿਕਾ ਨਿਭਾ ਰਹੀਆਂ ਨੇ ਅਤੇ ਸੰਕਲਪ ਵੈੱਲਫੇਅਰ ਸੁਸਾਇਟੀ ਅਤੇ ਹਰਿਆਵਲ ਪੰਜਾਬ ਵੀ ਇਨਾਂ ਵਿਚ ਸ਼ਾਮਲ ਨੇ। ਇਨਾਂ ਦੋਹਾਂ ਦੇ ਸਹਿਯੋਗ ਨਾਲ ਭਾਰਤ ਸਰਕਾਰ ਦੇ ਜਲੰਧਰ ਵਿਖੇ ਸਥਿਤ ਪੱਤਰ ਸੂਚਨਾ ਦਫ਼ਤਰ ਦੇ ਆਲੇ-ਦੁਆਲੇ ਵੱਖ-ਵੱਖ ਕਿਸਮ ਦੇ ਬੂਟੇ ਲਗਾਏ ਗਏ। ਇਨਾਂ ਵਿਚ ਨੀਮ, ਆਂਵਲਾ, ਸੁਖਚੈਨ ਤੇ ਟਾਹਲੀ ਦੇ ਬੂਟੇ ਸ਼ਾਮਲ ਰਹੇ। ਸੰਕਲਪ ਵੈੱਲਫੇਅਰ ਸੁਸਾਇਟੀ ਦੇ ਚੇਅਰਮੈਨ ਪੁਨੀਤ ਖੰਨਾ ਅਨੁਸਾਰ ਵਾਤਾਵਰਨ ਦੀ ਸੰਭਾਲ ਹਰ ਨਾਗਰਿਕ ਦਾ ਨੈਤਿਕ ਫ਼ਰਜ਼ ਹੋਣਾ ਚਾਹੀਦਾ ਏ । ਇਸ ਮੌਕੇ ਸਮੂਹ ਅਧਿਕਾਰੀਆਂ ਅਤੇ*

*ਕਰਮਚਾਰੀਆਂ ਨੇ ਚੁਗਿਰਦੇ ਨੂੰ ਹਰਿਆ ਭਰਿਆ ਰੱਖਣ ਅਤੇ ਬੂਟਿਆਂ ਦੀ ਸਾਂਭ-ਸੰਭਾਲ ਵਿੱਚ ਵੱਧ ਤੋਂ ਵੱਧ ਸਹਿਯੋਗ ਕਰਨ ਤੇ ਦੂਜਿਆਂ ਨੂੰ ਵੀ ਇਸ ਪ੍ਰਤੀ ਜਾਗਰੂਕ ਕਰਨ ਦਾ ਅਹਿਦ ਲਿਆ । ਸੰਕਲਪ ਵੈੱਲਫੇਅਰ ਸੁਸਾਇਟੀ ਅਤੇ ਹਰਿਆਵਲ ਪੰਜਾਬ ਦੀ ਟੀਮ ਦੇ ਸੁਧੀਰ ਸਹਿਗਲ, ਡਾ. ਪੰਖੁੜੀ, ਡਾ. ਅਮਿਤ, ਤਾਨੀਆ ਅਤੇ ਵਿੱਕੀ ਦਾ ਮੁਹਿੰਮ ਵਿਚ ਵਿਸ਼ੇਸ਼ ਸਹਿਯੋਗ ਰਿਹਾ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

---------------------------------------------------------

ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿਖੇ, ''ਸ਼ੋਰਯਾ ਵੰਦਨ'' ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਕੈਪਟਨ ਜੋਗਿੰਦਰ ਯਾਦਵ ਨੇ ਇਸ ਵਿੱਚ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਦੇਸ਼ ਲਈ ਸ਼ਹੀਦ ਹੋਏ ਸੈਨਿਕਾਂ ਦੇ 25 ਪਰਿਵਾਰਾਂ ਨੂੰ, ਇਸ ਵਿਚ ਸਨਮਾਨਿਤ ਕੀਤਾ ਗਿਆ । ਉਨਾਂ ਕਿਹਾ ਕਿ ਕਾਰਗਿਲ ਯੁੱਧ ਵਿੱਚ 527 ਦੇ ਕਰੀਬ ਸੈਨਿਕ ਸ਼ਹੀਦ ਹੋਏ ਸਨ। ਦੁਸ਼ਮਣ ਦੇਸ਼ ਦੀ ਉੱਚੀ ਪਹਾੜੀ ਤੇ ਬੈਠਾ ਸੀ ਤੇ ਅਸੀਂ ਹੇਠਾਂ ਸੀ ਪਰ ਫਿਰ ਵੀ ਦੁਸ਼ਮਣ ਨੂੰ ਭਜਾਉਣ ਵਿੱਚ ਕੋਈ ਕਸਰ ਨਹੀਂ ਛੱਡੀ

ਅਤੇ ਦੁਸ਼ਮਣ ਨੂੰ ਮਜਬੂਰੀ ਦੇ ਚਲਦੇ ਉਸ ਪਹਾੜੀ ਨੂੰ ਛੱਡਣਾ ਪਿਆ। ਉਨਾਂ ਕਿਹਾ ਕਿ ਸ਼ੋਰਯਾ ਵੰਦਨ ਪ੍ਰੋਗਰਾਮ, ਉਨਾਂ ਲੋਕਾਂ ਨੂੰ ਸਮਰਪਿਤ ਏ ਜਿਨਾਂ ਆਪਣੇ ਘਰਾਂ ਦੇ ਚਿਰਾਗ ਦੇਸ਼ ਲਈ ਕੁਰਬਾਨ ਕੀਤੇ। ਕੈਪਟਨ ਜੋਗਿੰਦਰ ਯਾਦਵ ਨੇ ਕਿਹਾ ਕਿ ਅਗਨੀ ਵੀਰ ਸਕੀਮ ਸਰਕਾਰ ਨੇ ਬੜੀ ਸੋਚ ਸਮਝ ਕੇ ਲਿਆਂਦੀ ਏ। ਉਨਾਂ ਕਿਹਾ ਕਿ ਅੱਜ ਕੱਲ ਦਾ ਨੌਜਵਾਨ ਸਵੇਰੇ 7 ਵਜੇ ਤੋਂ ਪਹਿਲਾਂ ਉੱਠਦਾ ਨਹੀਂ ਪਰ ਜਦੋਂ ਅਗਨੀ ਵੀਰ ਵਿੱਚ ਸ਼ਾਮਿਲ ਹੋਵੇਗਾ ਤਾਂ ਉਸ ਨੂੰ ਸਵੇਰੇ ਤੜਕਸਾਰ ਉੱਠਣ ਦੀ ਆਦਤ ਪਵੇਗੀ। ਆਪਣੇ ਸਰੀਰ ਦੀ ਫਿਟਨੈਸ ਰੱਖਣ ਦੀ ਆਦਤ ਪਵੇਗੀ ਤੇ ਦੇਸ਼ ਦੇ ਬਾਰੇ ਜਾਣ ਸਕਣਗੇ।

--------------------------------------------------------------

ਭਾਰਤ ਸਰਕਾਰ ਦੇ ਵਿਗਿਆਨ ਤੇ ਤਕਨਾਲੋਜੀ ਮੰਤਰਾਲੇ ਦੇ ਫਲੈਗਸ਼ਿੱਪ ਪ੍ਰੋਗਰਾਮ ‘ਇੰਸਪਾਇਰ ਐਵਾਰਡ ਮਾਨਕ ਪ੍ਰਦਰਸ਼ਨੀ ਅਤੇ ਪ੍ਰੋਜੈਕਟ ਪ੍ਰਤੀਯੋਗਤਾ, ਮੋਗਾ ਦੇ ਪਿੰਡ ਡਰੋਲੀ ਭਾਈ ਸਥਿਤ ਕੁੜੀਆਂ ਦੇ ਸਕੂਲ ਵਿਚ ਕਰਵਾਈ ਗਈ। ਵਿਗਿਆਨ ਦੀ ਖੋਜ ਵਿੱਚ ਨਵੀਨਤਾ ਲਿਆਉਣ ਦੇ ਮਕਸਦ ਵਾਲੀ ਇਸ ਪ੍ਰਤੀਯੋਗਤਾ

ਵਿਚ, ਫਿਰੋਜ਼ਪੁਰ, ਫਰੀਦਕੋਟ ਅਤੇ ਮੋਗਾ ਜ਼ਿਲ੍ਹੇ ਦੇ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਆਪਣੇ ਹੱਥੀਂ ਤਿਆਰ ਕੀਤੇ ਮਾਡਲਾਂ ਨਾਲ ਸ਼ਿਰਕਤ ਕੀਤੀ । ਇਹ ਪ੍ਰਤੀਯੋਗਤਾ ਸਕੂਲੀ ਬੱਚਿਆਂ ਵਿੱਚ ਹਾਂ ਪੱਖੀ ਅਤੇ ਨਵੀਨਤਾਕਾਰੀ ਸੋਚ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਕਰਵਾਈ ਜਾਂਦੀ ਏ । ਨੈਸ਼ਨਲ ਇੰਨੋਵੇਸ਼ਨ ਫਾਊਂਡੇਸ਼ਨ ਇੰਡੀਆ ਦੇ ਨੁਮਾਇੰਦੇ, ਡਾ: ਨਵਨੀਤ ਕੁਮਾਰ ਨੇ ਦੱਸਿਆ ਕਿ ਕੌਮੀ ਆਸ ਤਹਿਤ ਗਿਆਨ ਨੂੰ ਵਧਾਉਣ ਵਾਲੇ ਲੱਖਾਂ ਦਿਮਾਗਾਂ ਦੀ ਖੋਜ ਲਈ ਕਰਵਾਏ ਜਾਂਦੇ ਇਨਾਂ ਮੁਕਾਬਲਿਆਂ ਲਈ ਵਿਦਿਆਰਥੀਆਂ ਵੱਲੋਂ, ਆਪੋ ਆਪਣੇ ਪ੍ਰੋਜੈਕਟ ਰਜਿਸਟਰ ਕਰਵਾਏ ਗਏ ਸਨ । ਅੱਜ ਦੀ ਪ੍ਰਦਰਸ਼ਨੀ ਵਿਚ ਰੋਬੋਟ, ਡਰਾਈਵਰਾਂ ਨੂੰ ਨੀਂਦ ਆਉਣ ਤੋਂ ਬਚਾਉਣ ਲਈ ਐਨਕਾਂ, ਦਿਵਿਆਂਗਾਂ ਲਈ ਪੌੜੀਆਂ ਚੜ੍ਹਨ ਵਾਲੀ ਕੁਰਸੀ, ਘਰੇਲੂ ਸੁਰੱਖਿਆ ਯੰਤਰ, ਫਸਲਾਂ ਨੂੰ ਮੀਂਹ ਤੋਂ ਬਚਾਉਣ ਲਈ ਸਵੈਚਾਲਤ ਛੱਤਾਂ ਵਾਲੀ ਮੰਡੀ ਅਤੇ ਪੰਛੀਆਂ ਨੂੰ ਕਰੰਟ ਤੋਂ ਬਚਾਉਣ ਵਾਲੇ ਪ੍ਰੋਜੈਕਟ ਖਿੱਚ ਦਾ ਕੇਂਦਰ ਰਹੇ ।

---------------------------------------------------------

ਕੌਮਾਂਤਰੀ ਪਲਾਸਟਿਕ ਮੁਕਤ ਦਿਵਸ ਮੌਕੇ, ਬਠਿੰਡਾ ਦੇ ਰਾਮਪੁਰਾ ਫੂਲ ਵਿਖੇ ਅੱਜ ਗੁਰਬਚਨ ਸਿੰਘ ਸੇਵਾ ਸੰਮਤੀ ਸੁਸਾਇਟੀ ਬੱਲ੍ਹੋ ਅਤੇ ਗ੍ਰਾਮ ਪੰਚਾਇਤ ਨੇ ਯੂਥ ਲਾਇਬਰੇਰੀ ਵਿੱਚ ਸੈਮੀਨਾਰ ਕਰਵਾਇਆ ਅਤੇ ''ਪਲਾਸਟਿਕ ਕਚਰਾ ਲਿਆਉ, ਗੁੜ ਲੈ ਜਾਉ'' ਸਕੀਮ ਤਹਿਤ ਪਲਾਸਟਿਕ ਕਚਰੇ ਬਦਲੇ ਲੋਕਾਂ ਨੂੰ ਮੁਫਤ ਵਿੱਚ ਬਰਾਬਰ ਦਾ ਗੁੜ ਵੰਡਿਆ। ਐਸ.ਡੀ.ਐੱਮ ਮੌੜ ਨਰਿੰਦਰ ਸਿੰਘ ਧਾਲੀਵਾਲ ਸੈਮੀਨਾਰ ਦੇ ਮੁੱਖ ਮਹਿਮਾਨ ਰਹੇ ਅਤੇ ਪ੍ਰਧਾਨਗੀ ਸੰਸਥਾ ਦੇ ਪ੍ਰਧਾਨ ਕਰਮਜੀਤ ਸਿੰਘ ਨੇ ਕੀਤੀ। ਨਰਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਸੰਸਥਾ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਹੋਰਨਾ ਸਮਾਜ ਸੇਵੀ ਸੰਸਥਾਵਾ ਤੇ ਪੰਚਾਇਤਾਂ ਨੂੰ ਇਹੋ ਜਿਹੇ ਉਪਰਾਲੇ ਕਰਨ ਦੀ ਸਲਾਹ ਦਿੱਤੀ। ਸੰਸਥਾ ਦੇ ਸਲਾਹਕਾਰ ਭੁਪਿੰਦਰ ਸਿਘ ਜਟਾਣਾ ਨੇ ਕਿਹਾ ਕਿ ਸੰਸਥਾ ਵਲੋਂ ਪਲਾਸਟਿਕ ਕਚਰੇ ਬਦਲੇ ਪਿੰਡ ਵਾਸੀਆ ਨੂੰ ਮੁਫਤ ਵਿਚ 295 ਕਿਲੋ ਗੁੜ ਵੰਡਿਆ ਗਿਆ। ਉਨ੍ਹਾਂ ਕਿਹਾ ਕਿ ਇਹ ਕਾਰਜ ਪਿਛਲੇ ਦੋ ਸਾਂਲਾ ਤੋਂ ਜਾਰੀ ਨੇ।

---

ਮਾਨਸੂਨ ਪੰਜਾਬ ਪਹੁੰਚ ਗਿਆ ਏ ਪਰ ਹੁਣ ਤੱਕ ਉਮੀਦ ਮੁਤਾਬਕ ਮੀਂਹ ਨਹੀਂ ਪੈ ਰਿਹਾ ਏ। ਇਸ ਕਾਰਨ ਗਰਮੀ ਅਤੇ ਹੁੰਮਸ ਵਾਲਾ ਮੌਸਮ ਬਣਿਆ ਹੋਇਆ ਏ। ਪਿਛਲੇ 24 ਘੰਟਿਆਂ ਵਿਚ ਜਲੰਧਰ ਸਮੇਤ ਕਈ ਜ਼ਿਲਿਆਂ 'ਚ ਬਾਰਿਸ਼ ਹੋਈ ਏ। ਇਨ੍ਹਾਂ ਵਿੱਚ ਮੁਹਾਲੀ ਵਿੱਚ 17.5 ਮਿਲੀ-ਮੀਟਰ ਅਤੇ ਰੂਪਨਗਰ ਵਿੱਚ 5.5 ਮਿਲੀਮੀਟਰ ਮੀਂਹ ਸ਼ਾਮਲ ਏ। ਪਟਿਆਲ਼ਾ ਤੇ ਫਤਹਿਗੜ੍ਹ ਸਾਹਿਬ ‘ਚ ਵੀ ਮੀਂਹ ਪੈ ਰਿਹਾ ਏ। ਮੌਸਮ ਵਿਭਾਗ ਨੇ ਪਠਾਨਕੋਟ, ਹੁਸ਼ਿਆਰਪੁਰ, ਨਵਾਂਸ਼ਹਿਰ, ਲੁਧਿਆਣਾ, ਫਤਿਹਗੜ੍ਹਸਾਹਿਬ, ਰੂਪਨਗਰ ਤੇ ਪਟਿਆਲਾ ਜ਼ਿਲਿਆਂ ਵਿੱਚ ਮੀਂਹ ਲਈ ਯੈਲੋ ਅਲਰਟ ਅਤੇ ਗੁਰਦਾਸਪੁਰ, ਅੰਮ੍ਰਿਤਸਰ, ਕਪੂਰਥਲਾ ਤੇ ਜਲੰਧਰ ਵਿੱਚ ਔਰੇਂਜ ਅਲਰਟ ਜਾਰੀ ਕੀਤਾ ਏ। ਇਨ੍ਹਾਂ ਜ਼ਿਲ੍ਹਿਆਂ ਵਿੱਚ ਅਗਲੇ ਤਿੰਨ ਦਿਨਾਂ ਤੱਕ ਮੀਂਹ ਪੈਣ ਦੀ ਸੰਭਾਵਨਾ ਏ।

---

ਨੈਸ਼ਨਲ ਸਕੋਲਰਸ਼ਿਪ ਪੋਰਟਲ ਨੇ, ਅਕਾਦਮਿਕ ਸਾਲ 2024-

25 ਲਈ ਨੈਸ਼ਨਲ ਮੀਨਜ਼-ਕਮ-ਮੈਰਿਟ ਸਕਾਲਰਸ਼ਿਪ ਲਈ ਰਜਿਸਟ੍ਰੇਸ਼ਨ ਵਿੰਡੋ ਦੀ ਸ਼ੁਰੂਆਤ ਕੀਤੀ ਏ। ਸਿੱਖਿਆ ਮੰਤਰਾਲੇ ਦੇ ਸੂਤਰਾਂ ਨੇ ਦੱਸਿਆ ਕਿ ਇਹ ਪੋਰਟਲ ਇਕ-ਮੁਸ਼ਤ ਰਜਿਸਟ੍ਰੇਸ਼ਨ ਅਤੇ ਨਵੇਂ ਤੇ ਨਵਿਆਉਣ ਵਾਲੇ ਵਜ਼ੀਫ਼ਿਆਂ ਲਈ ਅਰਜ਼ੀ ਦੇਣ ਲਈ ਸ਼ੁਰੂ ਕੀਤਾ ਗਿਆ ਏ। ਇਸ ਸਾਲ ਅਰਜ਼ੀਆਂ ਜਮ੍ਹਾਂ ਕਰਾਉਣ ਦੀ ਆਖਰੀ ਤਰੀਕ 31 ਅਗਸਤ ਏ।

---------------------------------------------------------

**<u>ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਾਂਗਰਸ ਨੂੰ ਸੰਵਿਧਾਨ ਦਾ ਸਭ ਤੋਂ ਵੱਡਾ ਵਿਰੋਧੀ ਕਰਾਰ ਦੇਂਦਿਆਂ, ਕਿਹਾ ਕਿ ਕਾਂਗਰਸ ਦੀ ਮਾਨਸਿਕਤਾ ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ ਅਤੇ ਹੋਰ ਪੱਛੜੀਆਂ ਸ਼੍ਰੇਣੀਆਂ ਦਾ ਵਿਰੋਧ ਕਰਨਾ ਏ।
- ਕਾਨੂੰਨ ਤੇ ਵਿਵਸਥਾ ਬਾਰੇ ਪੰਜਾਬ ਦੇ DGP ਅਰਪਿਤ ਸ਼ੁਕਲਾ ਨੇ, ਪਠਾਨਕੋਟ ਵਿਖੇ ਵੱਖ ਵੱਖ ਸੁਰਖਿਆ ਏਜੰਸੀਆਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ।

- ਐਸਪੀ-ਰੇਸ਼ਨਲ ਜ਼ਿਲ੍ਹਾ ਤੇ ਬਲਾਕ ਪ੍ਰੋਗਰਾਮ ਤਹਿਤ ਮਹੱਤਵਪੂਰਨ 6 ਪਹਿਲੂਆਂ ਦਾ 'ਸੰਪੂਰਨਤਾ ਅਭਿਆਨ' ਭਲਕੇ 4 ਜੁਲਾਈ ਤੋਂ ਚਲਾਇਆ ਜਾ ਰਿਹਾ ਏ।
- ਕੌਮਾਂਤਰੀ ਪਲਾਸਟਿਕ ਬੈਗ ਮੁਕਤ ਦਿਵਸ ਮੌਕੇ, ਬਠਿੰਡਾ ਦੇ ਰਾਮਪੁਰਾ ਫੂਲ ਵਿਖੇ, ਗੈਰ ਸਰਕਾਰੀ ਜਥੇਬੰਦੀ ਨੇ ਪਲਾਸਟਿਕ ਕਚਰੇ ਬਦਲੇ ਲੋਕਾਂ ਨੂੰ, ਮੁਫਤ ਵਿੱਚ ਬਰਾਬਰ ਦਾ ਗੁੜ ਵੰਡਿਆ।